**ਦਫ਼ਤਰ, ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ**
**ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)**
**ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।**

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)
ਪੰਜਾਬ।

ਮੀਮੋ ਨੰ:ਸਸਅ/ਐਸਮੀ/2010/30937-30956

ਮਿਤੀ,ਚੰਡੀਗੜ੍ਹ 29 ਮਾਰਚ 2010

**ਵਿਸ਼ਾ:- ਐਨ.ਟੀ.ਐਸ.ਈ.ਅਤੇ ਐਨ.ਐਮ.ਐਮ.ਐਸ.ਪ੍ਰੀਖਿਆ ਸੈਸ਼ਨ 2010-11**

ਰਾਸ਼ਟਰੀ ਪ੍ਰਤਿਭਾ ਖੋਜ ਪ੍ਰੀਖਿਆ (ਐਨ.ਟੀ.ਐਸ.ਈ ) ਅਤੇ ਨੈਸ਼ਨਲ ਮੀਨਜ਼ ਕਮ ਮੈਰਿਟ ਸਰਚ ਪ੍ਰੀਖਿਆ (ਐਨ.ਐਮ.ਐਮ.ਐਸ.) ਵਿੱਚ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਲਿਆਉਣ ਲਈ ਫੈਸਲਾ ਕੀਤਾ ਗਿਆ ਹੈ ਕਿ ਇਨ੍ਹਾਂ ਮੁਕਾਬਲਾ ਪ੍ਰੀਖਿਆਵਾਂ ਦੀ ਤਿਆਰੀ ਪੰਜਾਬ ਐਜੂਸੈਟ ਸੁਸਾਇਟੀ ਦੁਆਰਾ ਕਰਵਾਈ ਜਾਵੇਗੀ। ਇਸ ਉਦੇਸ਼ ਦੀ ਪੂਰਤੀ ਹਿੱਤ ਇਨ੍ਹਾਂ ਪ੍ਰੀਖਿਆਵਾਂ ਲਈ ਮਾਡਲ ਪ੍ਰਸ਼ਨ ਬੈਂਕ ਤਿਆਰ ਕੀਤਾ ਜਾਵੇਗਾ ਹੁਸ਼ਿਆਰ ਵਿਦਿਆਰਥੀਆਂ ਨੂੰ ਵਧੀਆ ਅਧਿਆਪਕਾਂ ਦੁਆਰਾ ਕੋਚਿੰਗ ਦਿੱਤੀ ਜਾਵੇਗੀ ਅਤੇ ਅੰਤਿਮ ਪ੍ਰੀਖਿਆਵਾਂ ਤੋਂ ਪਹਿਲਾਂ ਮੌਕ-ਟੈਸਟ ਲਏ ਜਾਣਗੇ।

ਇਸ ਲਈ ਆਪਣੇ ਜ਼ਿਲ੍ਹੇ ਦੇ ਹਰ ਇੱਕ ਸਰਕਾਰੀ ਸਕੂਲ ਦੀ ਅੱਠਵੀਂ ਸ਼੍ਰੇਣੀ ਵਿੱਚ ਪੜ੍ਹਦੇ ਘੱਟੋ-ਘੱਟ ਇੱਕ ਜਾਂ ਵੱਧ ਹੋਣਹਾਰ ਵਿਦਿਆਰਥੀਆਂ ਦੇ ਨਾਮ ਜਿਨ੍ਹਾਂ ਨੇ ਸੱਤਵੀਂ ਦੀ ਸਾਲਾਨਾ ਪ੍ਰੀਖਿਆ (ਮਾਰਚ 2010) ਵਿੱਚ ਸਾਇੰਸ, ਸਮਾਜਿਕ ਸਿੱਖਿਆ ਅਤੇ ਗਣਿਤ ਵਿਸ਼ਿਆਂ ਵਿੱਚ ਕੁੱਲ ਅੰਕ ਵੱਧ ਤੋਂ ਵੱਧ ਪ੍ਰਾਪਤ ਕੀਤੇ ਹੋਣ, 15 ਅਪ੍ਰੈਲ 2010 ਤੱਕ ਇਸ ਦਫ਼ਤਰ ਨੂੰ ਭੇਜੇ ਜਾਣ।

ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਸਾਇੰਸ, ਸਮਾਜਿਕ ਸਿੱਖਿਆ, ਗਣਿਤ ਵਿਸ਼ਿਆਂ ਅਤੇ ਮਾਨਸਿਕ ਯੋਗਤਾ ਵਿਸ਼ਿਆਂ ਦੀ ਕੋਚਿੰਗ ਦੇਣ ਲਈ ਜ਼ਿਲ੍ਹਾ ਪੱਧਰ ਤੇ ਅਧਿਆਪਕਾਂ ਦੀ ਇੱਕ ਟਾਸਕ ਫੋਰਸ ਤਿਆਰ ਕੀਤੀ ਜਾਣੀ ਹੈ। ਇਸ ਲਈ ਆਪਣੇ ਜ਼ਿਲ੍ਹੇ ਦੇ ਭੌਤਿਕ ਵਿਗਿਆਨ, ਰਸਾਇਣ ਵਿਗਿਆਨ, ਗਣਿਤ, ਹਿਸਟਰੀ, ਭੂਗੋਲ ਅਤੇ ਨਾਗਰਿਕ ਸ਼ਾਸਤਰ ਵਿਸ਼ਿਆਂ ਦੇ ਇੱਕ ਇੱਕ ਹੁਸ਼ਿਆਰ, ਮਿਹਨਤੀ ਅਤੇ ਤਜਰਬੇਕਾਰ ਲੈਕਚਰਾਰ ਦਾ ਨਾਂ 15 ਅਪ੍ਰੈਲ 2010 ਤੱਕ ਇਸ ਦਫ਼ਤਰ ਨੂੰ ਭੇਜਿਆ ਜਾਵੇ। ਇਨ੍ਹਾਂ ਅਧਿਆਪਕਾਂ ਨੂੰ ਕੋਚਿੰਗ ਕੈਂਪਾਂ ਸਬੰਧੀ ਸਿਖਲਾਈ ਦਿੱਤੀ ਜਾਵੇਗੀ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ,ਚੰਡੀਗੜ੍ਹ**

**ਪਿਠਅੰਕਣ ਨੰ:ਸਸਅ/ਐਮਸੀ/2010/ ਮਿਤੀ:ਚੰਡੀਗੜ੍ਹ**

ਉਤਾਰਾ ਡਿਪਟੀ ਡਾਇਰੈਕਟਰ, ਰਾਜ ਸਾਇੰਸ ਸਿੱਖਿਆ ਸੰਸਥਾ, ਪੰਜਾਬ ਐਸ.ਸੀ.ਓ. ਨੰ:-66-67 17-ਏ ਚੰਡੀਗੜ੍ਹ ਨੂੰ ਭੇਜ ਕੇ ਆਦੇਸ਼ ਦਿੱਤਾ ਜਾਂਦਾ ਹੈ ਕਿ ਵਿਸ਼ਾਵਾਰ ਮਾਡਲ ਪ੍ਰਸ਼ਨ ਬੈਂਕ ਤਿਆਰ ਕਰਨ, ਅਧਿਆਪਕਾਂ ਲਈ ਟ੍ਰੇਨਿੰਗ ਸ਼ਡਿਊਲ ਤਿਆਰ ਕਰਨ ਅਤੇ ਸਾਰੇ ਪ੍ਰੋਗਰਾਮਾਂ ਲਈ ਲੋੜੀਂਦੇ ਬਜਟ ਦੀ ਤਜਵੀਜ਼ ਤਿਆਰ ਕਰਨ ਲਈ ਕਾਰਵਾਈ ਆਰੰਭ ਕੀਤੀ ਜਾਵੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ,ਚੰਡੀਗੜ੍ਹ**